ਸਫ਼ਾ 1 ਦੀ ਬਾਕੀ

ਜੰਮੂ ਕਸ਼ਮੀਰ....

ਭਾਰਤੀ ਲਈ ਵੀ ਮਹੱਤਵਪੂਰਨ ਹੈ, ਜੋ ਲੋਕਤੰਤਰ ਵਿਚ ਵਿਸ਼ਵਾਸ ਰੱਖਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਕਾਂਗਰਸ ਨੇ ਅਬਦੁੱਲਾ ਪਰਿਵਾਰ ਦੀ ਨੈਸ਼ਨਲ ਕਾਨਫਰੰਸ ਨਾਲ ਗਠਜੋੜ ਕਰ ਇਕ ਵਾਰ ਮੁੜ ਤੋਂ ਆਪਣੀ ਦੇਸ਼ ਵਿਰੋਧੀ ਯੋਜਨਾ ਨੂੰ ਦੇਸ਼ ਦੇ ਸਾਹਮਣੇ ਰੱਖ ਦਿੱਤਾ ਹੈ। ਉਨ੍ਹਾਂ ਕਿਹਾ ਕਿ ਹਾਲ ਹੀ ਵਿਚ ਨੈਸ਼ਨਲ ਕਾਨਫਰੰਸ ਨੇ ਆਪਣਾ ਚੋਣ ਮਨੋਰਥ ਪੱਤਰ ਜਾਰੀ ਕੀਤਾ ਹੈ, ਕਾਂਗਰਸ ਅਤੇ ਨੈਸ਼ਨਲ ਕਾਨਫਰੰਸ ਦਾ ਇਹ ਗਠਜੋੜ ਰਾਸ਼ਟਰੀ ਸੁਰੱਖਿਆ ਅਤੇ ਭਾਰਤੀ ਸੰਵਿਧਾਨ ਪ੍ਰਤੀ ਉਨ੍ਹਾਂ ਦੀ ਵਫ਼ਾਦਾਰੀ ਬਾਰੇ ਕਈ ਵੱਡੇ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਕਿਹਾ ਕਿ ਮੈਂ ਕਾਂਗਰਸ ਨੇਤਾ ਰਾਹੁਲ ਗਾਂਧੀ ਨੂੰ ਪੁੱਛਣਾ ਚਾਹੁੰਦਾ ਹਾਂ ਕਿ ਕੀ ਕਾਂਗਰਸ ਜੰਮੂ-ਕਸ਼ਮੀਰ ਲਈ ਵੱਖਰਾ ਝੰਡਾ ਰੱਖਣ ਦੇ ਨੈਸ਼ਨਲ ਕਾਨਫਰੰਸ ਦੇ ਐਲਾਨ ਦਾ ਸਮਰਥਨ ਕਰਦੀ ਹੈ। ਕੀ ਕਾਂਗਰਸ ਪਾਰਟੀ ਅਤੇ ਰਾਹੁਲ ਗਾਂਧੀ ਐਲ.ਓ.ਸੀ. ਵਪਾਰ ਸ਼ੁਰੂ ਕਰਨ ਅਤੇ ਸਰਹੱਦ ਪਾਰ ਤੋਂ ਅੱਤਵਾਦ ਅਤੇ ਇਸ ਨੂੰ ਸਮਰਥਨ ਦੇਣ ਦੇ ਨੈਸ਼ਨਲ ਕਾਨਫਰੰਸ ਦੇ ਝੈਸਲੇ ਦਾ ਸਮਰਥਨ ਕਰਦੇ ਹਨ? ਕਾਂਗਰਸ ਨੂੰ ਇਸ ਦਾ ਜਵਾਬ ਦੇਣਾ ਚਾਹੀਦਾ ਹੈ।

ਸਫ਼ਾ 1 ਦੀ ਬਾਕੀ

ਕਸਬਾ ਦੋਬੁਰਜੀ...

ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਰਾਜ ਵਿਚ ਵਿਗੜ ਰਹੀ ਅਮਨ-ਕਾਨੂੰਨ ਦੀ ਸਥਿਤੀ ਲਈ ਭਗਵੰਤ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਦੀ ਆਲੋਚਨਾ ਕੀਤੀ। ਉਨ੍ਹਾਂ ਇਸ ਮੁੱਦੇ 'ਤੇ ਪੰਜਾਬ ਦੇ ਮੁੱਖ ਮੰਤਰੀ ਦੇ ਅਸਤੀਫੇ ਦੀ ਮੰਗ ਵੀ ਕੀਤੀ। ਬਾਦਲ ਨੇ ਐਕਸ 'ਤੇ ਪੋਸਟ ਵਿੱਚ ਕਿਹਾ, 'ਤੁਹਾਡੇ ਸੂਬੇ ਵਿੱਚ ਹਰ ਰੋਜ਼ ਅੱਜਿਹੀਆਂ ਘਟਨਾਵਾਂ ਹੋ ਰਹੀਆਂ ਹਨ, ਪੰਜਾਬੀ ਆਪਣੇ ਘਰਾਂ ਵਿਚ ਵੀ ਸੁਰੱਖਿਅਤ ਨਹੀਂ ਹਨ, ਮੈਨੂੰ ਲੱਗਦਾ ਹੈ ਕਿ ਤੁਹਾਨੂੰ ਨੈਤਿਕ ਆਧਾਰ 'ਤੇ ਅਸਤੀਫਾ ਦੇ ਦੇਣਾ ਚਾਹੀਦਾ ਹੈ।' ਉਹ ਹਸਪਤਾਲ 'ਚ ਜ਼ੇਰੇ ਇਲਾਜ ਸੀ। ਉਨ੍ਹਾਂ ਅੱਗੇ ਦੱਸਿਆ ਕਿ ਸੁਖਬੀਰ ਸਿੰਘ ਦੇ ਪਰਿਵਾਰ ਨੇ ਗੰਭੀਰਾਂਵੀ ਦੀ ਘਟਨਾ ਵਿਚ ਉਸ ਦੀ ਸਾਬਕਾ ਪਤਨੀ ਦੇ ਪਰਿਵਾਰ ਦੇ 5 ਮੈਂਬਰਾਂ ਖ਼ਿਲਾਫ਼ ਐਫ.ਆਈ.ਆਰ ਦਰਜ ਕਰਵਾਈ ਹੈ। ਉਨ੍ਹਾਂ ਅੱਗੇ ਕਿਹਾ ਕਿ ਕੁੱਲ ਤਿੰਨ ਵਿਅਕਤੀ ਰਿਹਾਇਸ਼ ਤੋਂ ਪਹੁੰਚੇ ਸਨੇ ਉਨ੍ਹਾਂ 'ਚੋਂ ਦੋ ਨੇ ਸੁਖਬੀਰ 'ਤੇ ਗੋਲੀਬਾਰੀ ਕੀਤੀ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਅਮਰੀਕਾ 'ਚ ਰਹਿੰਦਾ ਹੈ ਅਤੇ ਉਹ ਇਕ ਮਹੀਨਾ ਪਹਿਲਾਂ ਪੰਜਾਬ ਆਇਆ ਸੀ, ਇਸ ਸਬੰਧੀ ਜਾਂਚ ਚੱਲ ਰਹੀ ਹੈ ਅਤੇ ਡਾਕਟਰਾਂ ਅਨੁਸਾਰ ਉਹ ਖਤਰੇ ਤੋਂ ਬਾਹਰ ਹੈ।

ਸਫ਼ਾ 1 ਦੀ ਬਾਕੀ

ਵਿਜੀਲੈਂਸ ਵਲੋਂ ਆਡਿਟ...

2023-2024 ਲਈ ਉਸ ਦੀ ਯੂਨਿਟ ਦੇ ਰਿਕਾਰਡ ਦਾ ਆਡਿਟ ਕਰਨ ਦੀ ਡਿਊਟੀ ਸੌਪੀ ਗਈ ਹੈ ਪਰ ਇਨ੍ਹਾਂ ਆਡੀਟਰਾਂ ਨੇ ਪਿਛਲੇ ਸਾਲ ਦੇ ਆਡਿਟ ਇਤਰਾਜ਼ਾਂ ਨੂੰ ਠੀਕ ਕਰਨ ਅਤੇ ਇਸ ਸਾਲ ਦੇ ਆਡਿਟ ਦੀ ਮਨਸੂਰੀ ਦੇਣ ਲਈ 1,50,000 ਰੁਪਏ ਦੀ ਰਿਸਵਤ ਦੀ ਮੰਗ ਕੀਤੀ ਹੈ। ਸ਼ਿਕਾਇਤਕਰਤਾ ਨੇ ਹੋਰ ਦੱਸਿਆ ਕਿ ਆਡੀਟਰ ਜਗਜੀਤ ਸਿੰਘ ਨੇ ਆਪਣੇ ਦਫਤਰ ਬੁਲਾ ਕੇ ਉਸ ਦੇ ਸਾਥੀ ਧਰਮਰਾਜ ਦੀ ਮੌਜੂਦਗੀ ਵਿੱਚ ਰਿਸਵਤ ਦੀ ਰਕਮ ਅਦਾ ਕਰਨ ਦੀ ਮੰਗ ਦੁਹਰਾਈ ਅਤੇ ਉਸ ਨੇ ਇਸ ਗੱਲਬਾਤ ਨੂੰ ਆਪਣੇ ਮੋਬਾਇਲ ਫੋਨ 'ਤੇ ਰਿਕਾਰਡ ਕਰ ਲਿਆ ਹੈ। ਬੁਲਾਰੇ ਨੇ ਹੋਰ ਦੱਸਿਆ ਕਿ ਇਸ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ, ਵਿਜੀਲੈਂਸ ਫਿਰੋਜ਼ਪੁਰ ਰੇਂਜ ਦੀ ਟੀਮ ਨੇ ਜਾਲ ਵਿਛਾ ਕੇ ਦੋਵੇਂ ਆਡੀਟਰਾਂ ਨੂੰ ਸ਼ਿਕਾਇਤਕਰਤਾ ਕੋਲੋਂ 1,30,000 ਰੁਪਏ ਦੀ ਰਿਸਵਤ ਲੈਂਦਿਆਂ ਦੋ ਸਰਕਾਰੀ ਗਵਾਹ ਮੌਜੂਦਗੀ ਵਿਚ ਗ੍ਰਿਫ਼ਤਾਰ ਕਰ ਲਿਆ। ਇਸ ਸੰਬੰਧ ਵਿਚ ਵਿਜੀਲੈਂਸ ਬਿਊਰੋ ਦੇ ਥਾਣਾ ਫਿਰੋਜ਼ਪੁਰ ਰੇਂਜ ਵਿਚ ਉਕਤ ਦੋਵਾਂ ਮੁਲਜ਼ਮਾਂ ਖਿਲਾਫ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਅਧੀਨ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਦੀ ਜਾਂਚ ਦੌਰਾਨ ਹੋਰ ਅਧਿਕਾਰੀਆਂ/ ਕਰਮਚਾਰੀਆਂ ਦੀ ਭੂਮਿਕਾ ਵੀ ਵਿਚਾਰੀ ਜਾਵੇਗੀ।

ਸਫ਼ਾ 1 ਦੀ ਬਾਕੀ

ਕੰਗਨਾ ਰਣੌਤ ਦੀ ਫਿਲਮ ਐਮਰਜੈਂਸੀ....

ਦੱਸਿਆ ਗਿਆ ਪਰ ਜਰਨੈਲ ਸਿਘ ਭਿੰਡਰਾਂਵਾਲੇ ਦਾ ਗਲਤ ਅਕਸ ਪੇਸ਼ ਕੀਤਾ ਗਿਆ ਹੈ। ਜਿਸ ਤੋਂ ਬਾਅਦ ਹੀ ਸ਼੍ਰੋਮਣੀ ਕਮੇਟੀ ਵੱਲੋਂ ਪ੍ਰਸਾਰਣ ਮੰਤਰੀ ਅਸਵਨੀ ਵੈਸ਼ਨਵ ਅਤੇ ਸੈਂਸਰ ਬੋਰਡ ਦੇ ਚੇਅਰਪਰਸਨ ਪ੍ਰਸੂਨ ਜੋਸ਼ੀ ਨੂੰ ਪੱਤਰ ਭੇਜਿਆ ਗਿਆ ਹੈ। ਜਿਸ ਵਿੱਚ ਸ਼੍ਰੋਮਣੀ ਕਮੇਟੀ ਤੋਂ ਮੰਗ ਕੀਤੀ ਗਈ ਹੈ ਕਿ ਫਿਲਮ ਦੀ ਰਿਲੀਜ਼ ਨੂੰ ਰੋਕਿਆ ਜਾਵੇ ਅਤੇ ਇਸ ਦੀ ਸਮੁੱਚੀ ਸਕਰਿਪਟ ਸ਼੍ਰੋਮਣੀ ਕਮੇਟੀ ਨਾਲ ਸਾਂਝੀ ਕੀਤੀ ਜਾਵੇ। ਤਾਂ ਜੋ ਇਸ ਫਿਲਮ ਬਾਰੇ ਸਿੱਖ ਕੌਮ ਦੀਆਂ ਭਾਵਨਾਵਾਂ ਨੂੰ ਪ੍ਰਗਟ ਕੀਤਾ ਜਾ ਸਕੇ।

ਫਿਲਮ 'ਚ ਅੱਤਵਾਦ ਦਾ ਦੇਰ ਕੀਤਾ ਪੇਸ਼

ਕੰਗਨਾ ਨੇ ਕੁਝ ਦਿਨ ਪਹਿਲਾਂ ਇਸ ਫਿਲਮ ਦਾ ਟ੍ਰੇਲਰ ਆਪਣੇ ਸੋਸਲ ਮੀਡੀਆ ਅਕਾਊਂਟ 'ਤੇ ਸ਼ੇਅਰ ਕੀਤਾ ਸੀ। ਜਿਸ ਵਿੱਚ 1980ਵਿਆਂ ਵਿੱਚ ਪੰਜਾਬ ਵਿੱਚ ਅੱਤਵਾਦ ਦੇ ਦੌਰ ਨੂੰ ਵੀ ਦਿਖਾਇਆ ਗਿਆ ਹੈ। ਇਸ ਵਿੱਚ ਇੱਕ ਪਾਤਰ ਜਰਨੈਲ ਸਿੰਘ ਭਿੰਡਰਾਂਵਾਲਾ ਨੂੰ ਵੀ ਬਣਾਇਆ ਗਿਆ ਹੈ, ਜਿਸ ਨੂੰ ਕੰਟਰਪੋਪੀ ਸਿੰਘ ਸੰਤ ਵਜੋਂ ਦੇਖਿਆ ਜਾਂਦਾ ਹੈ। ਸਰਬਜੀਤ ਖਾਲਸਾ ਦਾ ਮੰਨਣਾ ਹੈ ਕਿ ਇਸ ਫਿਲਮ ਵਿੱਚ ਬਲਿਊ ਸਟਾਰ ਅਪਰੇਸ਼ਨ ਬਾਰੇ ਵੀ ਫਿਲਮਾਇਆ ਗਿਆ ਹੈ, ਜੋ ਕਿ ਜਰਨੈਲ ਸਿਘ ਭਿੰਡਰਾਂਵਾਲਾ ਨੂੰ ਖਤਮ ਕਰਨ ਲਈ ਹੀ ਸ਼ੁਰੂ ਕੀਤਾ ਗਿਆ ਸੀ।

ਕੰਗਨਾ ਖਿਲਾਫ ਐਫਆਈਆਰ ਦਰਜ ਕਰਨ ਦੀ ਮੰਗ

ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਦੇ ਪ੍ਰਿੰਸੀਪਲ ਐਡਵੋਕੇਟ ਹਰਜਿੰਦਰ ਸਿਘ ਧਾਮੀ ਨੇ ਫਿਲਮ ਅਦਾਕਾਰਾ ਕੰਗਨਾ ਰਣੌਤ ਖਿਲਾਫ ਐਫਆਈਆਰ ਦਰਜ ਕਰਨ ਦੀ ਮੰਗ ਕੀਤੀ ਸੀ। ਪ੍ਰੇਸ ਬਿਆਨ ਜਾਰੀ ਕਰਦਿਆਂ ਐਡਵੋਕੇਟ ਧਾਮੀ ਨੇ ਕਿਹਾ ਸੀ ਕਿ ਕੰਗਨਾ ਰਣੌਤ ਅਕਸਰ ਜਾਣਬੂਝ ਕੇ ਸਿੱਖਾਂ ਦੀਆਂ ਭਾਵਨਾਵਾਂ ਨੂੰ ਭੜਕਾਉਣ ਵਾਲੀਆਂ ਗੱਲਾਂ ਕਹਿ ਚੁੱਕੀ ਹੈ। ਉਨ੍ਹਾਂ ਖਿਲਾਫ ਕਾਰਵਾਈ ਕਰਨ ਦੀ ਬਜਾਏ ਸਰਕਾਰ ਉਨ੍ਹਾਂ ਨੂੰ ਬਚਾ ਰਹੀ ਹੈ। ਸਰਕਾਰ ਨੂੰ ਫਿਲਮ ਐਮਰਜੈਂਸੀ ਰਾਹੀਂ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਭੜਕਾਉਣ ਲਈ ਕੰਗਨਾ ਰਣੌਤ ਖਿਲਾਫ ਕੇਸ ਦਰਜ ਕਰਨਾ ਚਾਹੀਦਾ ਹੈ। ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਵੀ ਇਸ ਫਿਲਮ 'ਤੇ ਸਖਤ ਇਤਰਾਜ਼ ਪ੍ਰਗਟ ਕਰਦਿਆਂ ਵਾਂਜ਼ਿਲ ਦੀ ਰਿਲੀਜ਼ 'ਤੇ ਰੋਕ ਲਗਾਉਣ ਦੀ ਮੰਗ ਕੀਤੀ ਹੈ।

ਸੰਸਦ ਮੈਂਬਰ ਸਰਬਜੀਤ ਖਾਲਸਾ ਨੇ ਚੁੱਕਿਆ ਸੀ ਮੁੱਦਾ

ਇਹ ਮਾਮਲਾ ਸਭ ਤੋਂ ਪਹਿਲਾਂ ਪੰਜਾਬ ਦੇ ਵਰੀਦਕੋਟ ਤੋਂ ਚੁਣੇ ਗਏ ਸੰਸਦ ਮੈਂਬਰ ਸਰਬਜੀਤ ਸਿਘ ਖਾਲਸਾ ਨੇ ਆਪਣੇ ਸੋਸਲ ਮੀਡੀਆ ਅਕਾਊਂਟ 'ਤੇ ਉਠਾਇਆ ਸੀ। ਸਰਬਜੀਤ ਖਾਲਸਾ ਨੇ ਪ੍ਰਸਾਰਣ ਮੰਤਰਾਲੇ ਤੋਂ ਇਸ ਫਿਲਮ ਦੀ ਰਿਲੀਜ਼ 'ਤੇ ਰੋਕ ਲਗਾਉਣ ਦੀ ਮੰਗ ਕੀਤੀ ਸੀ। ਇਹ ਮਾਮਲਾ ਸ੍ਰੀ ਅਕਾਲ ਤਖਤ ਸਾਹਿਬ ਅਤੇ ਸ਼੍ਰੋਮਣੀ ਕਮੇਟੀ ਦੇ ਧਿਆਨ ਵਿੱਚ ਉਦੋਂ ਆਇਆ ਜਦੋਂ ਉਨ੍ਹਾਂ ਵੱਲੋਂ ਇਤਰਾਜ਼ ਉਠਾਇਆ ਗਿਆ।

ਸਫ਼ਾ 1 ਦੀ ਬਾਕੀ

ਰਾਜਨਾਥ ਸਿੰਘ....

ਕਰਨ ਲਈ ਭਾਰਤੀ ਭਾਈਵਾਲਾਂ ਨਾਲ ਕੰਮ ਕਰਨ ਦਾ ਸੱਦਾ ਦਿਤਾ। ਪ੍ਰਧਾਨ ਮੰਤਰੀ ਨੇ ਕਿਹਾ, "ਯੂ.ਐਸ.ਆਈ.ਐਸ.ਪੀ.ਐਫ. (ਭਾਰਤ-ਅਮਰੀਕਾ ਰਣਨੀਤਕ ਭਾਈਵਾਲੀ ਫੋਰਮ) ਵਲੋਂ ਕਰਵਾਈ ਗੋਲਮੇਜ਼ ਬੈਠਕ ਚ ਪ੍ਰਮੁੱਖ ਅਮਰੀਕੀ ਰੱਖਿਆ ਉਦਯੋਗ ਕੰਪਨੀਆਂ ਨਾਲ ਲਾਭਦਾਇਕ ਗੱਲਬਾਤ ਹੋਈ। ਉਨ੍ਹਾਂ ਨੂੰ ਰੱਖਿਆ ਖੇਤਰ 'ਚ ਆਤਮ ਨਿਰਭਰਤਾ ਹਾਸਲ ਕਰਨ ਲਈ ਸਾਡੇ 'ਮੇਕ ਇਨ ਇੰਡੀਆ' ਪ੍ਰੋਗਰਾਮ ਨੂੰ ਤੇਜ਼ ਕਰਨ ਲਈ ਭਾਰਤੀ ਭਾਈਵਾਲਾਂ ਨਾਲ ਕੰਮ ਕਰਨ ਦਾ ਸੱਦਾ ਦਿਤਾ। ਭਾਰਤੀ ਅਤੇ ਅਮਰੀਕੀ ਕੰਪਨੀਆਂ ਵਿਸਵ ਲਈ ਸਹਿ-ਵਿਕਾਸ ਅਤੇ ਸਹਿ-ਉਤਪਾਦਨ ਲਈ ਮਿਲ ਕੇ ਕੰਮ ਕਰਨਗੀਆਂ।" ਯੂ.ਐਸ.ਆਈ. ਐਸ.ਪੀ.ਐਫ. ਨੇ 'ਐਕਸ' ਤੇ ਲਿਖਿਆ, "ਯੂ.ਐਸ.ਆਈ.ਐਸ.ਪੀ.ਐਫ. ਬੋਰਡ ਮੈਂਬਰਾਂ ਅਤੇ ਰੱਖਿਆ ਉਦਯੋਗ ਦੇ ਨੇਤਾਵਾਂ ਨਾਲ ਇਕ ਗੋਲਮੇਜ ਮੀਟਿੰਗ 'ਚ, ਵਿਦੇਸ਼ ਮੰਤਰੀ ਨੇ ਅਮਰੀਕਾ-ਭਾਰਤ ਰੱਖਿਆ ਸਬੰਧਾਂ ਦੇ ਬੇਮਿਸਾਲ ਵਿਕਾਸ ਅਤੇ ਰੱਖਿਆ ਖੇਤਰ ਅਤੇ ਅਮਰੀਕੀ ਨਿਵੇਸ਼ ਭਾਰਤ ਦੀ ਵਿਕਾਸ ਕਹਾਣੀ ਅਤੇ 2047 ਦੇ ਟੀਚੇ ਨੂੰ ਪ੍ਰਾਪਤ ਕਰਨ 'ਚ ਮਹੱਤਵਪੂਰਣ ਭੂਮਿਕਾ ਨਿਭਾਉਣ ਬਾਰੇ ਵਿਚਾਰ-ਵਟਾਂਦਰੇ ਕੀਤੇ।" ਇਸ ਵਿਚ ਕਿਹਾ ਗਿਆ ਕਿ ਰਾਜਨਾਥ ਸਿਘ ਨੇ 'ਰੱਖਿਆ ਗਤੀਵਿਧੀਆਂ ਰਾਹੀਂ ਰਣਨੀਤਕ ਭਾਈਵਾਲੀ ਅਤੇ ਰੱਖਿਆ ਸਹਿਯੋਗ ਨੂੰ ਅੱਗੇ ਵਧਾਉਣ 'ਤੇ ਜੋਰ ਦਿਤਾ। ਯੂ.ਐਸ.ਆਈ.ਐਸ.ਪੀ.ਐਫ. ਦੇ ਪ੍ਰਧਾਨ ਅਤੇ ਸੀ.ਈ.ਓ. ਮੁਕੇਸ਼ ਅਘੀ ਨੇ ਕਿਹਾ ਕਿ ਰਾਜਨਾਥ ਸਿਘ ਨੇ ਰੱਖਿਆ ਸਬੰਧਾਂ ਅਤੇ ਰਣਨੀਤਕ ਸਬੰਧਾਂ ਦੇ ਵਿਕਾਸ ਬਾਰੇ ਗੱਲ ਕੀਤੀ ਜਿਨ੍ਹਾਂ 'ਚ ਨਿੰਜੀ ਖੇਤਰ ਹੁਣ ਸਾਈਬਰ-ਡੋਕੇ, ਏ.ਆਈ., ਪੁਲਾਡ ਅਤੇ ਕੁਆਂਟਮ ਤਕਨਾਲੋਜੀਆਂ ਵਰਗੀਆਂ ਮਹੱਤਵਪੂਰਨ ਅਤੇ ਉੱਭਰ ਰਹੀਆਂ ਤਕਨਾਲੋਜੀਆਂ 'ਚ ਡੂੰਘੇ ਰੱਖਿਆ ਤਾਲਮੇਲ ਸਥਾਪਤ ਕਰਨ 'ਚ ਮਹੱਤਵਪੂਰਣ ਭੂਮਿਕਾ ਅਦਾ ਕਰਦਾ ਹੈ। ਉਨ੍ਹਾਂ ਦੀ ਇਹ ਟਿਪਣੀ ਉਸ ਸਮੇਂ ਆਈ ਹੈ ਜਦੋਂ ਇਕ ਦਿਨ ਪਹਿਲਾਂ ਰਾਜਨਾਥ ਸਿਘ ਨੇ ਸੁਰਕਵਾਰ ਨੂੰ ਅਮਰੀਕੀ ਰੱਖਿਆ ਮੰਤਰੀ ਲੋਇਡ ਆਸਟਿਨ ਨਾਲ ਮੁਲਾਕਾਤ ਕੀਤੀ ਸੀ ਅਤੇ ਦੋਹਾਂ ਦੇਸਾਂ ਵਿਚਾਲੇ ਚੱਲ ਰਹੀਆਂ ਰੱਖਿਆ ਸਹਿਯੋਗ ਗਤੀਵਿਧੀਆਂ ਦੀ ਸਮੀਖਿਆ ਕੀਤੀ ਸੀ। ਰਾਜਨਾਥ ਸਿਘ ਨੇ ਪੋਸਟ ਕੀਤਾ, "ਮੇਰੇ ਪਿਆਰੇ ਦੋਸਤ ਅਮਰੀਕੀ ਰੱਖਿਆ ਮੰਤਰੀ ਲੋਇਡ ਆਸਟਿਨ ਨਾਲ ਸਾਨਦਾਰ ਮੁਲਾਕਾਤ ਹੋਈ। ਅਸੀਂ ਚੱਲ ਰਹੀਆਂ ਰੱਖਿਆ ਸਹਿਯੋਗ ਗਤੀਵਿਧੀਆਂ ਦੀ ਸਮੀਖਿਆ ਕੀਤੀ ਅਤੇ ਇਸ ਨੂੰ ਹੋਰ ਡੂੰਘਾ ਕਰਨ ਦੇ ਤਰੀਕਿਆਂ 'ਤੇ ਚਰਚਾ ਕੀਤੀ। ਸਪਲਾਈ ਸੁਰੱਖਿਆ ਪਣਾਲੀ 'ਤੇ ਹਸਤਾਖਰ ਅਤੇ ਪ੍ਰਮੁੱਖ ਅਮਰੀਕੀ ਕਮਾਂਡਾਂ 'ਤੇ ਭਾਰਤੀ ਅਧਿਕਾਰੀਆਂ ਦੀ ਤਾਇਨਾਤੀ ਬਾਰੇ ਸਮਝੌਤਾ ਇਤਿਹਾਸਕ ਘਟਨਾਕ੍ਰਮ ਹਨ।"

ਕੋਲਕਾਤਾ ਡਾਕਟਰ...

ਘੋਸ਼ ਅਤੇ ਘਟਨਾ ਵਾਲੀ ਰਾਤ ਮੌਜੂਦ ਚਾਰ ਡਾਕਟਰਾਂ ਅਤੇ ਇੱਕ ਸਿਵਲ ਵਾਲੰਟੀਅਰ ਸਾਮਲ ਹਨ, ਦਾ ਟੈਸਟ ਏਮੇਸ਼ੀ ਦੇ ਦਫਤਰ ਵਿਖੇ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਦਿੱਲੀ ਦੀ ਸੈਂਟਰਲ ਫੋਰ�ੰਸਿਕ ਸਾਇੰਸ ਲੈਬਾਰਟਰੀ (ਸੀਐੱਫਐੱਸਐੱਲ) ਤੋਂ ਘੋਲੀਗ੍ਰਾਫ ਮਾਹਿਰਾਂ ਦੀ ਟੀਮ ਇਹ ਟੈਸਟ ਕਰਨ ਲਈ ਕੋਲਕਾਤਾ ਪੁੱਜੀ ਹੈ।

ਫੁੱਟ ਸੇਧਾਂ

ਅੱਜ ਪੰਜਾਬੀਆਂ....

ਵਿਰੋਤੀਆਂ ਮੰਗਣਾ, ਜੇਲ੍ਹਾਂ ਵਿਚ ਗੈਂਗਸਟਰਾਂ ਦੀ ਇੰਟਰਵਿਊ, ਯਮਕੀਆਂ, ਲੁੱਟਾਂ ਖੋਹਾਂ ਅਤੇ ਕਤਲ ਆਮ ਗੱਲ ਹੋ ਗਈ ਹੈ।

ਸਵਾਤੀ ਮਾਲੀਵਾਲ...

ਚਾਰਜਸ਼ੀਟ ਅਤੇ ਦਸਤਾਵੇਜ਼ਾਂ ਦੀ ਪੁਸ਼ਟੀ ਲਈ ਨਿਰਦੇਸ਼ਾਂ ਦੀ ਮੰਗ ਕਰਦੇ ਹੋਏ ਦੋਸ਼ੀ ਵਲੋਂ ਦਾਇਰ ਅਰਜ਼ੀ ਦਾ ਵੀ ਜਵਾਬ ਮੰਗਿਆ ਹੈ ਤਾਂ ਜੋ ਦਸਤਾਵੇਜ਼ਾਂ ਦੀ ਸਹੀ ਪਛਾਣ ਕੀਤੀ ਜਾ ਸਕੇ।

ਹਰਿਆਣਾ...

ਨੇ ਹਰਿਆਣਾ ਵਿਚ ਬਹੁਤ ਸਾਰਾ ਮੈਦਾਨ ਗੁਮਾ ਦਿੱਤਾ ਹੈ ਕਿਉਂਕਿ ਇਹ ਟੁੱਟ ਰਹੀ ਹੈ ਅਤੇ ਆਉਣ ਵਾਲੀਆਂ ਚੋਣਾਂ ਵਿਚ ਇਸੇ ਕੋਲ ਕੋਈ ਮੌਕਾ ਨਹੀਂ ਹੈ।

ਅੰਮ੍ਰਿਤਸਰ ਗੋਲੀਬਾਰੀ...

ਅਮਰੀਕਾ 'ਚ ਰਹਿੰਦਾ ਹੈ ਅਤੇ ਉਹ ਇਕ ਮਹੀਨਾ ਪਹਿਲਾਂ ਪੰਜਾਬ ਆਇਆ ਸੀ, ਇਸ ਸੰਬੰਧੀ ਜਾਂਚ ਚੱਲ ਰਹੀ ਹੈ ਅਤੇ ਡਾਕਟਰਾਂ ਅਨੁਸਾਰ ਉਹ ਖਤਰੇ ਤੋਂ ਬਾਹਰ ਹੈ।

ਆਮ ਆਦਮੀ...

ਹਰਜੀ ਮਾਨ, ਵਿਕਰਮਜੀਤ ਧਾਸੀ ਅਤੇ ਹਰਸੁਖਦਿੰਦਰ ਸਿਘ ਬੰਬੀ ਬਾਦਲ ਨੂੰ ਵੀ ਭੁਲਾਹ ਬਣਾਇਆ ਗਿਆ ਹੈ।

ਪੰਜਾਬ ਏਡਿਡ ਸਕੂਲ ਅਧਿਆਪਕ ਤੇ ਹੋਰ ਕਰਮਚਾਰੀ ਯੂਨੀਅਨ ਦੀ ਨਵੀਂ ਐਡਹਾਕ ਕਮੇਟੀ ਦੀ ਹੋਈ ਚੋਣ

ਲੁਧਿਆਣਾ, 24 ਅਗਸਤ (ਪ.ਪ) ਪੰਜਾਬ ਰਾਜ ਸਰਕਾਰੀ ਸਹਾਇਤਾ ਪ੍ਰਾਪਤ ਅਧਿਆਪਕ ਅਤੇ ਹੋਰ ਕਰਮਚਾਰੀ ਯੂਨੀਅਨ ਦੀ ਇੱਕ ਵਿਸੇਸ ਮੀਟਿੰਗ ਅੱਜ ਰਮਗੜੀਆ ਸੀਨੀਅਰ ਸੈਕੈਂਡਰੀ ਸਕੂਲ ਵਗਵਾਣਾ ਵਿਖੇ ਯੂਨੀਅਨ ਦੇ ਸੂਬਾ ਪ੍ਰਧਾਨ ਐਨ ਐਨ ਸੈਣੀ ਦੀ ਅਗਵਾਈ ਵਿਚ ਕੀਤੀ ਗਈ ਇਸ ਮੀਟਿੰਗ ਵਿੱਚ ਯੂਨੀਅਨ ਦੇ ਸੂਬਾ ਪ੍ਰਧਾਨ ਐਨ ਐਨ ਸੈਣੀ ਵੱਲੋਂ ਮੌਜੂਦਾ ਜਥੇਬੰਦੀ ਨੂੰ ਭੰਗ ਕਰਕੇ ਐਡਹਾਕ ਕਮੇਟੀ ਬਣਾਉਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਇਸ ਮੌਕੇ ਪੰਜਾਬ ਦੇ ਵੱਖ- ਜਿਲਿਆਂ ਤੋਂ ਆਏ ਜਿਲਾ ਪ੍ਰਧਾਨ, ਜਿਲਾ ਸਕੱਤਰਾਂ ਅਤੇ ਸੂਬਾ ਕਮੇਟੀ ਮੌਬਰਾਂ ਵੱਲੋਂ 11 ਮੌਬਰੀ ਐਡਹਾਕ ਕਮੇਟੀ ਦਾ ਗਠਨ ਕੀਤਾ ਗਿਆ। ਇਸ ਮੌਕੇ ਸਰਬ ਸੰਮਤੀ ਨਾਲ ਗੁਰਮੀਤ ਸਿਘ ਮਦਨੀਪੁਰ ਲੁਧਿਆਣਾ ਨੂੰ ਕਮੇਟੀ ਦਾ ਕਨਵੀਨਰ, ਸਰਨਜੀਤ ਸਿਘ ਕੁਰਾਲੀ ਨੂੰ ਜਨਰਲ ਸਕੱਤਰ, ਹਰਦੀਪ ਸਿਘ ਢੀਡਸਾ ਨੂੰ ਪ੍ਰੈਸ ਸਕੱਤਰ, ਅਸੋਕ ਵਡੇਰਾ ਨੂੰ ਖਜਾਨਚੀ ਤੇ ਅੰਬਟ ਮਸੀਹ ਜਲੰਧਰ ਨੂੰ ਉਪ ਕਨਵੀਨਰ ਚੁਣਿਆ ਗਿਆ ਜਦ ਕਿ ਐਨ ਐਨ ਸੈਣੀ ਅਤੇ ਗੁਰਚਰਨ ਸਿਘ ਚਾਹਲ ਨੂੰ ਐਡਹਾਕ ਕਮੇਟੀ ਦਾ ਸਰਪ੍ਰਸਤ, ਸਰਬਜੀਤ ਸਿਘ ਕੋਟਲੀ ਨੂੰ ਸਲਾਹਕਾਰ ਨਿਯੁਕਤ ਕੀਤਾ ਗਿਆ ਹੈ ਇਸ ਤੋਂ ਇਲਾਵਾ ਰਣਜੀਤ ਸਿਘ ਅਨੰਦਪੁਰ ਸਾਹਿਬ, ਅਸਵਨੀ ਮਦਾਨ ਪਟਿਆਲਾ,